# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ : 30-04-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ**

- ਸਰਕਾਰ ਨੇ ਮੁੜ੍ਹ ਭਰੋਸਾ ਦਿਵਾਇਆ ਏ ਕਿ ਦੇਸ਼ ਵਿੱਚ ਖਾਦਾਂ ਦੀ ਕਾਫ਼ੀ ਉਪਲਬਧਤਾ ਏ .

- ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਦੇ ਤਾਲਮੇਲ ਨਾਲ ISI ਦੀ ਹਮਾਇਤ ਪ੍ਰਾਪਤ ਸਰਹੱਦ ਪਾਰ ਦੋ ਜਾਸੂਸੀ ਨੈੱਟਵਰਕਾਂ ਦਾ ਪਰਦਾਫਾਸ਼ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਏ.

- ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜੇ.ਪੀ. ਨੱਡਾ ਨੇ ਅੱਜ ਚੰਡੀਗੜ੍ਹ ਵਿਖੇ ਜਨਤਕ ਸਿਹਤ ਪ੍ਰਣਾਲੀਆਂ ਵਿੱਚ ਚੰਗੇ ਅਤੇ ਅਪਣਾਏ ਜਾ ਸਕਣ ਵਾਲੇ ਢੰਗ ਤਰੀਕਿਆਂ ਅਤੇ

ਨਵੀਨਤਾ 'ਤੇ ਦੋ ਦਿਨਾਂ 10ਵੇਂ ਰਾਸ਼ਟਰੀ ਸੰਮੇਲਨ ਦਾ ਉਦਘਾਟਨ ਕੀਤਾ।

- ਭਲਕੇ ਪਹਿਲੀ ਮਈ ਨੂੰ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਸੱਦਿਆ ਜਾਏਗਾ ।
- ਤੀਜੀ ਪਾਤਸ਼ਾਹੀ ਸ੍ਰੀ ਗੁਰੂ ਅਮਰਦਾਸ ਜੀ ਦਾ ਪ੍ਰਕਾਸ਼ ਗੁਰਪੁਰਬ ਅੱਜ ਪੰਜਾਬ ਸਮੇਤ ਦੁਨੀਆ ਭਰ 'ਚ ਪੂਰੀ ਸ਼ਰਧਾ ਤੇ ਉਤਸਾਹ ਨਾਲ ਮਨਾਇਆ ਜਾ ਰਿਹਾ ਏ ।

**<u>ਹੁਣ ਖਬਰਾਂ ਵਿਸਥਾਰ ਨਾਲ</u>**

ਸਰਕਾਰ ਨੇ ਭਰੋਸਾ ਦਿਵਾਇਆ ਏ ਕਿ ਦੇਸ਼ ਵਿੱਚ ਖਾਦ ਦੀ ਕਾਫ਼ੀ ਉਪਲਬਧਤਾ ਏ ਅਤੇ ਇਹਨਾਂ ਦੀ ਸਪਲਾਈ ਸਾਉਣੀ 2026 ਰੁਤ ਲਈ ਜ਼ਰੂਰਤਾਂ ਤੋਂ ਵੱਧ ਰਹੀ ਏ । ਅੱਜ ਨਵੀਂ ਦਿੱਲੀ ਵਿੱਚ ਇੱਕ ਅੰਤਰ-ਮੰਤਰਾਲਾ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਖਾਦ ਵਿਭਾਗ ਵਿੱਚ ਵਧੀਕ ਸਕੱਤਰ, ਅਪਰਨਾ ਸ਼ਰਮਾ ਨੇ ਕਿਹਾ ਕਿ ਖਾਦਾਂ ਦਾ ਘਰੇਲੂ ਉਤਪਾਦਨ 62.37 ਲਖ ਮੀਟ੍ਰਿਕ ਟਨ ਤੱਕ ਪਹੁੰਚ ਗਿਆ ਏ, ਜਦੋਂ ਕਿ ਦਰਾਮਦ ਕਰੀਬ 15.39 ਲਖ ਮੀਟ੍ਰਿਕ ਟਨ, ਜਿਸ ਨਾਲ ਮੌਜੂਦਾ ਸਮੇਂ ਦੌਰਾਨ ਕੁੱਲ

ਉਪਲਬਧਤਾ ਲਗਭਗ 78 ਲਖ ਮੀਟ੍ਰਿਕ ਟਨ ਹੋ ਗਈ ਏ । ਓਹਨਾਂ ਦੱਸਿਆ ਕਿ 38 ਲਖ ਮੀਟ੍ਰਿਕ ਟਨ ਯੂਰੀਆ ਅਤੇ 19 LMT ਫਾਸਫੇਟਿਕ ਅਤੇ ਪੋਟਾਸ਼ਿਕ ਖਾਦਾਂ ਲਈ ਗਲੋਬਲ ਟੈਂਡਰ ਜਾਰੀ ਕੀਤੇ ਗਏ ਨੇ. ਓਹਨਾਂ ਜ਼ੋਰ ਦੇ ਕੇ ਕਿਹਾ ਕਿ ਦੇਸ਼ ਵਿੱਚ ਖਾਦ ਸੁਰੱਖਿਆ ਮਜ਼ਬੂਤ, ਤੇ ਸਥਿਰ ਏ. ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਵਿੱਚ ਜੋਇੰਟ ਸਕੱਤਰ, ਸੁਜਾਤਾ ਸ਼ਰਮਾ ਨੇ ਕਿਹਾ ਕਿ ਦੇਸ਼ ਭਰ ਵਿੱਚ LPG, ਪੈਟਰੋਲ ਅਤੇ ਡੀਜ਼ਲ ਦੀ ਨਿਰਵਿਘਨ ਸਪਲਾਈ ਏ ।

--------------------------------------------------------------------

ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਦੇ ਤਾਲਮੇਲ ISI ਦੀ ਹਮਾਇਤ ਪ੍ਰਾਪਤ ਦੋ ਸਰਹੱਦ ਪਾਰ ਜਾਸੂਸੀ ਨੈੱਟਵਰਕਾਂ ਦਾ ਪਰਦਾਫਾਸ਼ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਏ. ਇਹ ਪੰਜਾਬ ਵਿੱਚ ਸੰਵੇਦਨਸ਼ੀਲ ਫੌਜੀ ਟਿਕਾਣਿਆਂ ਦੀਆਂ ਲਾਈਵ ਫੀਡਾਂ ਪਾਕਿਸਤਾਨ-ਅਧਾਰਿਤ ਹੈਂਡਲਰਾਂ ਨੂੰ ਪ੍ਰਸਾਰਿਤ ਕਰਨ ਲਈ ਉੱਚ-ਤਕਨੀਕੀ ਸੀਸੀਟੀਵੀ ਕੈਮਰਿਆਂ ਦੀ ਵਰਤੋਂ ਕਰ ਰਹੇ ਸਨ। ਦੋ ਵੱਖ-ਵੱਖ ਕਾਰਵਾਈਆਂ ਵਿੱਚ ਤਿੰਨ ਵਿਅਕਤੀਆਂ ਨੂੰ

ਗ੍ਰਿਫਤਾਰ ਕੀਤਾ ਗਿਆ ਏ । ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ, ਗੌਰਵ ਯਾਦਵ ਨੇ ਖੁਲਾਸਾ ਕੀਤਾ ਕਿ ਕਾਊਂਟਰ ਇੰਟੈਲੀਜੈਂਸ ਜਲੰਧਰ ਨੇ ਇੱਕ ਕਾਰਕੁੰਨ ਦੀ ਗ੍ਰਿਫਤਾਰੀ ਅਤੇ ਉਸਦੇ ਕਬਜ਼ੇ ਵਿੱਚੋਂ ਸੂਰਜੀ ਊਰਜਾ ਨਾਲ ਚੱਲਣ ਵਾਲਾ ਇੱਕ ਚੀਨ ਦਾ ਬਣਿਆ ਸੀਸੀਟੀਵੀ ਕੈਮਰਾ ਬਰਾਮਦ ਕਰਕੇ ਇੱਕ ਮਾਡਿਊਲ ਦਾ ਪਰਦਾਫਾਸ਼ ਕੀਤਾ, ਜਦੋਂ ਕਿ ਕਪੂਰਥਲਾ ਪੁਲਿਸ ਨੇ ਕੇਂਦਰੀ ਏਜੰਸੀ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਵਿਦੇਸ਼ੀ ਹੈਂਡਲਰਾਂ ਨਾਲ ਜੁੜੇ ਚਾਰ ਮੋਬਾਈਲ ਫੋਨ, ਅਤੇ ਇੱਕ ਸਿਮ-ਅਧਾਰਤ ਸੀਸੀਟੀਵੀ ਕੈਮਰਾ ਅਤੇ ਇੱਕ ਵਾਈਫਾਈ ਸੈੱਟ ਬਰਾਮਦ ਕੀਤਾ। ਉਨ੍ਹਾਂ ਕਿਹਾ ਕਿ ਇਹ ਮਾਡਿਊਲ ਰਣਨੀਤਕ ਤੌਰ 'ਤੇ ਵੱਖ-ਵੱਖ ਥਾਵਾਂ 'ਤੇ ਸਿਮ ਕਾਰਡ-ਅਧਾਰਤ ਸੀਸੀਟੀਵੀ ਕੈਮਰੇ ਲਾ ਰਿਹਾ ਸੀ ਤਾਂ ਜੋ ਰੱਖਿਆ ਬਲਾਂ ਨਾਲ ਜੁੜੇ ਅਦਾਰਿਆਂ ਸਮੇਤ ਸੰਵੇਦਨਸ਼ੀਲ ਥਾਵਾਂ ਦੀ ਨਿਗਰਾਨੀ ਕੀਤੀ ਜਾ ਸਕੇ, ਅਤੇ ਮੋਬਾਈਲ ਐਪਲੀਕੇਸ਼ਨਾਂ ਰਾਹੀਂ ਪਾਕਿਸਤਾਨ-ਅਧਾਰਿਤ ਹੈਂਡਲਰਾਂ ਨੂੰ ਲਾਈਵ ਫੁਟੇਜ

ਪ੍ਰਸਾਰਿਤ ਕੀਤੀ ਜਾ ਸਕੇ। ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ SSP ਕਪੂਰਥਲਾ ਸ਼੍ਰੀ ਗੌਰਵ ਤੂਰਾ ਨੇ ਦੱਸਿਆ –

byte

--------------------------------------------------------------------------------

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜੇ.ਪੀ. ਨੱਡਾ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਅੱਜ ਚੰਡੀਗੜ੍ਹ ਵਿਖੇ ਜਨਤਕ ਸਿਹਤ ਪ੍ਰਣਾਲੀਆਂ ਵਿੱਚ ਚੰਗੇ ਅਤੇ ਅਪਣਾਏ ਜਾ ਸਕਣ ਵਾਲੇ ਢੰਗ ਤਰੀਕਿਆਂ ਅਤੇ ਨਵੀਨਤਾ 'ਤੇ ਦੋ ਦਿਨਾਂ 10ਵੇਂ ਰਾਸ਼ਟਰੀ ਸੰਮੇਲਨ ਦਾ ਉਦਘਾਟਨ ਕੀਤਾ। ਇਹ ਸੰਮੇਲਨ ਕੱਲ੍ਹ ਸਮਾਪਤ ਹੋਵੇਗਾ। ਹਰਿਆਣਾ ਦੇ ਸਿਹਤ ਮੰਤਰੀ ਆਰਤੀ ਸਿੰਘ ਰਾਓ ਵੀ ਇਸ ਮੌਕੇ 'ਤੇ ਮੌਜੂਦ ਸਨ। ਇਸ ਸੰਮੇਲਨ ਵਿੱਚ ਵਧੀਕ ਮੁੱਖ ਸਕੱਤਰਾਂ ਅਤੇ Principal ਸਿਹਤ ਸਕੱਤਰਾਂ, ਮਿਸ਼ਨ ਡਾਇਰੈਕਟਰਾਂ, NHM ਅਧੀਨ ਰਾਜ ਤੇ ਕੇਂਦਰ ਸ਼ਾਸਿਤ ਪ੍ਰਦੇਸ਼ ਸੀਨੀਅਰ ਨੋਡਲ ਅਧਿਕਾਰੀਆਂ ਅਤੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੇ ਸੀਨੀਅਰ ਅਧਿਕਾਰੀਆਂ ਦੀ ਹਿੱਸਾ ਲੈ ਰਹੇ ਨੇ । ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰਦਿਆਂ

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜੇ.ਪੀ. ਨੱਡਾ ਨੇ ਕਿਹਾ, ਇਹ ਪਹਿਲ ਸਾਡੇ ਹਜ਼ਾਰਾਂ ਸਿਹਤ ਮੁਲਾਜ਼ਮਾਂ, ਫੀਲਡ ਸਟਾਫ ਤੋਂ ਲੈ ਕੇ ਸਿਹਤ ਕਾਰਕੁਨਾਂ ਅਤੇ ਫਰੰਟਲਾਈਨ ਵਰਕਰਾਂ ਤੱਕ, ਨੂੰ ਕਾਫੀ ਸਹੂਲਤ ਪ੍ਰਦਾਨ ਕਰੇਗੀ. ਇਸ ਸ਼ਲਾਘਾਯੋਗ ਯਤਨ ਲਈ ਵਧਾਈਆਂ ਦਿੰਦੇ ਹੋਏ ਸ਼੍ਰੀ ਨੱਡਾ ਨੇ ਕਿਹਾ ਕਿ ਇਹ ਸੰਮੇਲਨ ਇੱਕ ਅਜਿਹੇ ਮੰਚ ਵਜੋਂ ਏ ਜਿੱਥੇ ਰਣਨੀਤੀਆਂ, ਕਾਢਾਂ ਅਤੇ ਵੱਖ-ਵੱਖ ਨਵੀਆਂ ਪਹਿਲਕਦਮੀਆਂ ਨੂੰ ਸਾਂਝਾ ਕਰਨ ਦਾ ਮੌਕਾ ਮਿਲਿਆ ਏ.

---------------------------------------------------------------------

ਸੂਬੇ ਦੇ ਕਿਰਤੀ ਵਰਗ ਦੇ ਸਤਿਕਾਰ ਵਿੱਚ ਪੰਜਾਬ ਮੰਤਰੀ ਮੰਡਲ ਵਲੋਂ ਪਹਿਲੀ ਮਈ ਨੂੰ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਸੱਦਣ ਨੂੰ ਪ੍ਰਵਾਨਗੀ ਦੇਣ ਬਾਅਦ ਇਹ ਸੈਸ਼ਨ ਭਲਕੇ ਬੁਲਾਇਆ ਜਾਏਗਾ। ਇਸ ਸਬੰਧੀ ਫੈਸਲਾ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ ਸੀ। ਸੋਸ਼ਲ ਮੀਡੀਆ ਪਲੇਟਫਾਰਮ ‘ਐਕਸ’ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਕਿ ਪਹਿਲੀ ਮਈ ਨੂੰ ਹੋਣ ਵਾਲਾ ਇਹ ਇੱਕ

ਰੋਜਾ ਸੈਸ਼ਨ ਦੇਸ ਦੇ ਸਮਾਜਿਕ ਤੇ ਆਰਥਿਕ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਵਾਲੇ ਮਿਹਨਤਕਸ਼ ਕਿਰਤੀਆਂ ਅਤੇ ਕਾਰੀਗਰਾਂ ਨੂੰ ਸਮਰਪਿਤ ਹੋਵੇਗਾ। “ਇਸ ਇਤਿਹਾਸਕ ਪਹਿਲਕਦਮੀ ਦੇ ਹਿੱਸੇ ਵਜੋਂ ਮਜਦੂਰ ਯੂਨੀਅਨਾਂ ਦੇ ਨੁਮਾਇੰਦਿਆਂ ਨੂੰ ਵਿਸੇਸ ਮਹਿਮਾਨਾਂ ਵਜੋਂ ਸਦਨ ਵਿੱਚ ਸੱਦਾ ਦਿੱਤਾ ਜਾਵੇਗਾ। ਸੈਸ਼ਨ ਵਿੱਚ ਮਜਦੂਰ ਵਰਗ ‘ਤੇ ਮਨਰੇਗਾ ਸਕੀਮ ਵਿੱਚ ਤਬਦੀਲੀਆਂ ਦੇ ਪ੍ਰਭਾਵ ਦੇ ਨਾਲ-ਨਾਲ ਉਨ੍ਹਾਂ ਨੂੰ ਪ੍ਰਭਾਵਿਤ ਕਰਨ ਵਾਲੀਆਂ ਰਾਸਟਰੀ ਅਤੇ ਅੰਤਰਰਾਸਟਰੀ ਚੁਣੌਤੀਆਂ ‘ਤੇ ਗੰਭੀਰ ਚਰਚਾ ਵੀ ਹੋਵੇਗੀ।“ ਉਨ੍ਹਾਂ ਅੱਗੇ ਕਿਹਾ, “ਸੈਸਨ ਦੌਰਾਨ ਵਿਧਾਨ ਸਭਾ ਦੀ ਬਿਜ਼ਨਸ ਐਡਵਾਈਜ਼ਰੀ ਕਮੇਟੀ ਵਲੋਂ ਨਿਰਧਾਰਤ ਹੋਰ ਜਰੂਰੀ ਵਿਧਾਨਕ ਕੰਮਕਾਜ ਸਥਾਪਤ ਪ੍ਰਕਿਰਿਆਵਾਂ ਦੇ ਅਨੁਸਾਰ ਕੀਤਾ ਜਾਵੇਗਾ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਸੂਬੇ ਦੇ ਵਿਕਾਸ ਅਤੇ ਲੋਕਤੰਤਰ ਦੀ ਮਜਬੂਤੀ ਲਈ ਹੀ ਜਰੂਰੀ ਮਹੱਤਵਪੂਰਨ ਫੈਸਲੇ ਲਏ ਜਾਣ।“ ਇਸ ਤੋਂ ਇਲਾਵਾ ਸੈਸ਼ਨ ਵਿੱਚ ਰਾਸਟਰੀ ਅਤੇ ਅੰਤਰ-ਰਾਸ਼ਟਰੀ ਪੱਧਰ ‘ਤੇ ਗਤੀਵਿਧੀਆਂ ਦੇ

ਮੱਦੇਨਜਰ ਮਜਦੂਰ ਵਰਗ ਨੂੰ ਦਰਪੇਸ ਚੁਣੌਤੀਆਂ ‘ਤੇ ਵੀ ਚਰਚਾ ਕੀਤੀ ਜਾਵੇਗੀ।

---------------------------------------------------------------------------

ਪੰਜਾਬ ਦੇ ਕਿਰਤ ਮੰਤਰੀਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਮਜ਼ਦੂਰ ਦਿਵਸ ਤੋਂ ਪਹਿਲਾਂ ਦੀ ਸ਼ਾਮ ਸੂਬੇ ਭਰ ਦੇ ਮਜ਼ਦੂਰਾਂ ਨੂੰ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੀ ਭਲਾਈ, ਮਾਣ-ਸਨਮਾਨ ਅਤੇ ਸਮਾਜਿਕ-ਆਰਥਿਕ ਵਿਕਾਸ ਪ੍ਰਤੀ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ। ਮਜ਼ਦੂਰਾਂ ਬਾਰੇ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਬਾਰੇ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰ-ਕਸ਼ਨ ਵਰਕਰਜ਼ ਵੈਲਫੇਅਰ ਬੋਰਡ ਰਾਹੀਂ ਰਜਿਸਟਰਡ ਉਸਾਰੀ ਕਾਮਿਆਂ ਲਈ ਕਈ ਤਰ੍ਹਾਂ ਦੀਆਂ ਯੋਜਨਾਵਾਂ ਲਾਗੂ ਕਰ ਰਹੀ ਏ ।

---------------------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਝੋਨੇ ਦੀ ਰੁਤ ਤੋਂ ਪਹਿਲਾਂ ਪਾਣੀ ਸਪਲਾਈ ਯੋਜਨਾ ਦਾ ਐਲਾਨ ਵੀ ਕੀਤਾ ਏ । ਕਿਸਾਨਾਂ ਲਈ ਇੱਕ ਵੱਡੀ ਰਾਹਤ ਦਾ ਐਲਾਨ ਕਰਦਿਆਂ ਉਨ੍ਹਾਂ ਕਿਹਾ ਕਿ

ਪਹਿਲੀ ਮਈ ਤੋਂ ਸਿੰਜਾਈ ਲਈ ਨਹਿਰੀ ਪਾਣੀ ਉਪਲਬਧ ਕਰਵਾਇਆ ਜਾਵੇਗਾ, ਜਿਸ ਨਾਲ ਸੂਬੇ ਭਰ ਦੀਆਂ ਨਹਿਰਾਂ ਵਿੱਚ 21 ਹਜ਼ਾਰ ਕਿਊਸਿਕ ਪਾਣੀ ਛੱਡਿਆ ਜਾਵੇਗਾ, ਜਿਸ ਨਾਲ ਪੰਜਾਬ ਦੀ ਧਰਤੀ ਹੇਠਲੇ ਪਾਣੀ 'ਤੇ ਭਾਰੀ ਨਿਰਭਰਤਾ ਖਤਮ ਹੋ ਜਾਵੇਗੀ। ਸਿੰਜਾਈ ਬੁਨਿਆਦੀ ਢਾਂਚੇ ਵਿੱਚ 6 ਹਜ਼ਾਰ 700 ਕਰੋੜ ਰੁਪਏ ਦੇ ਨਿਵੇਸ਼, 14 ਹਜ਼ਾਰ ਕਿਲੋਮੀਟਰ ਪਾਈਪਲਾਈਨ ਨੈੱਟਵਰਕ ਅਤੇ 7 ਹਜ਼ਾਰ ਨਵੇਂ ਬਣੇ ਨਹਿਰਾਂ ਅਤੇ ਨਹਿਰਾਂ ਦੇ ਨਾਲ, ਸਰਕਾਰ ਨੇ ਇਸ ਮਹੱਤਵਪੂਰਨ ਪਹਿਲਕਦਮੀ ਨੂੰ ਚਾਰ ਜ਼ੋਨਾਂ ਵਿੱਚ 8 ਘੰਟੇ ਬਿਜਲੀ ਸਪਲਾਈ ਸ਼ਡਿਊਲ ਨਾਲ ਜੋੜਿਆ ਏ ਤਾਂ ਜੋ ਨਿਰਵਿਘਨ ਬਿਜਾਈ ਨੂੰ ਯਕੀਨੀ ਬਣਾਇਆ ਜਾ ਸਕੇ। ਇਹ ਪਹਿਲਕਦਮੀ ਨਾ ਸਿਰਫ਼ ਝੋਨੇ ਲਈ ਸਿੰਜਾਈ ਨੂੰ ਯਕੀਨੀ ਬਣਾਉਂਦੀ ਏ, ਸਗੋਂ ਮਾਲਵਾ ਖੇਤਰ ਵਿੱਚ ਕਪਾਹ, ਬਾਗਬਾਨੀ ਅਤੇ ਚਾਰੇ ਵਾਲੀ ਮੱਕੀ ਲਈ ਨਹਿਰੀ ਪਾਣੀ ਦੀ ਉਪਲਬਧਤਾ ਨੂੰ ਵੀ ਸੁਰੱਖਿਅਤ ਕਰਦੀ ਏ .ਇਸ ਨਾਲ ਜ਼ਮੀਨ ਹੇਠਲੇ ਪਾਣੀ ਦੇ ਰੀਚਾਰਜ ਲਈ ਠੋਸ ਲਾਭ ਮਿਲੇਗਾ, ਜਿਸ ਨਾਲ ਪੱਧਰ 2 ਤੋਂ 4

ਮੀਟਰ ਤੱਕ ਵਧਦਾ ਏ, ਜੋ ਕਿ ਰਾਜ ਦੀ ਪਾਣੀ ਪ੍ਰਬੰਧਨ ਰਣਨੀਤੀ ਵਿੱਚ ਇੱਕ ਢਾਂਚਾਗਤ ਤਬਦੀਲੀ ਦਾ ਸੰਕੇਤ ਏ।

-----------------------------------------------------------------------

ਲੋਹਾ ਅਤੇ ਸਟੀਲ ਸੈਕਟਰ ਵਿੱਚ ਟੈਕਸ ਚੋਰੀ ਵਿਰੁੱਧ ਵੱਡੀ ਕਾਰਵਾਈ ਦਾ ਐਲਾਨ ਕਰਦਿਆਂ, ਪੰਜਾਬ ਦੇ ਖਜ਼ਾਨਾ ਅਤੇ ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਕਿਹਾ ਕਿ ਸੂਬੇ ਦੇ ਕਰ ਵਿਭਾਗ ਨੇ 200 ਤੋਂ ਵੱਧ ਵਾਹਨਾਂ ਨੂੰ ਕਬਜ਼ੇ ਵਿੱਚ ਲਿਆ ਏ ਅਤੇ ਕਰੀਬ 5 ਕਰੋੜ ਰੁਪਏ ਦੀ ਬਾਜ਼ਾਰ ਕੀਮਤ ਦਾ ਮਾਲ ਜ਼ਬਤ ਕੀਤਾ ਏ । ਖਜ਼ਾਨਾ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਇਸ ਵੱਡੀ ਮੁਹਿੰਮ ਦਾ ਉਦੇਸ਼ ਜਾਅਲੀ ਬਿਲਿੰਗ ਅਤੇ ਬਿਨਾਂ ਸਹੀ ਦਸਤਾਵੇਜ਼ਾਂ ਦੇ ਮਾਲ ਦੀ ਢੋਆ-ਢੁਆਈ ਨੂੰ ਰੋਕਣਾ ਏ, ਜਿਸ ਵਿੱਚ ਉਲੰਘਣਾ ਕਰਨ ਵਾਲਿਆਂ 'ਤੇ 3 ਕਰੋੜ ਰੁਪਏ ਤੋਂ ਵੱਧ ਦਾ ਜੁਰਮਾਨਾ ਲੱਗਣ ਦੀ ਸੰਭਾਵਨਾ ਏ.ਆਪ੍ਰੇਸ਼ਨ ਦੇ ਵੇਰਵੇ ਦਿੰਦਿਆਂ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਕਰ ਵਿਭਾਗ ਦੀ ਰਾਜ ਪੜਤਾਲ ਤੇ ਰੋਕਥਾਮ ਯੂਨਿਟ ਨੇ ਅੱਜ ਇੱਕ ਵੱਡੀ ਇਨਫੋਰਸਮੈਂਟ

ਮੁਹਿੰਮ ਨੂੰ ਸਫਲਤਾ ਨਾਲ ਨੇਪਰੇ ਚਾੜ੍ਹਿਆ। ਉਨ੍ਹਾਂ ਕਿਹਾ ਕਿ ਇਹ ਰਣਨੀਤਕ ਕਾਰਵਾਈ ਮੁੱਖ ਤੌਰ 'ਤੇ ਮੰਡੀ ਗੋਬਿੰਦਗੜ੍ਹ, ਖੰਨਾ ਅਤੇ ਆਸ-ਪਾਸ ਦੇ ਇਲਾਕਿਆਂ ਸਮੇਤ ਪ੍ਰਮੁੱਖ ਲੋਹਾ ਅਤੇ ਸਟੀਲ ਬੈਲਟ 'ਤੇ ਕੇਂਦਰਿਤ ਸੀ।

---------------------------------------------------------------------------

ਗੁਰਦਾਸਪੁਰ ਦੇ ਕਲਾਨੌਰ ਰੋਡ 'ਤੇ ਅੱਡਾ ਭਿਖਾਰੀਵਾਲ ਨੇੜੇ ਬੱਸ ਅਤੇ ਟਰੱਕ ਵਿਚਕਾਰ ਹੋਈ ਟੱਕਰ 'ਚ ਡਰਾਈਵਰ ਅਤੇ ਚੈਕਰ ਸਮੇਤ 8 ਸਵਾਰੀਆਂ ਦੇ ਗੰਭੀਰ ਜ਼ਖਮੀ ਹੋਣ ਦੀ ਖਬਰ ਏ। ਜਦੋਂ ਕਿ ਕੁਝ ਹੋਰ ਸਵਾਰੀਆਂ ਨੂੰ ਵੀ ਮਮੂਲੀ ਸੱਟਾਂ ਲੱਗੀਆਂ ਨੇ। ਸਾਰੇ ਜ਼ਖਮੀਆਂ ਨੂੰ ਇਲਾਜ ਲਈ ਹਸਪਤਾਲ ਭੇਜਿਆ ਗਿਆ ਏ।

---------------------------------------------------------------------------

ਭਾਜਪਾ ਦੇ ਰਾਸ਼ਟਰੀ ਬੁਲਾਰੇ ਆਰ ਪੀ ਸਿੰਘ ਨੇ ਅੱਜ ਵਿਦੇਸ਼ ਮੰਤਰੀ ਡਾ. ਐਸ ਜੈਸ਼ੰਕਰ ਨੂੰ ਪੱਤਰ ਲਿਖ ਕੇ ਤਹਿਰਾਨ ਦੇ ਗੁਰਦੁਆਰਾ ਸਾਹਿਬ ਵਿਖੇ ਫਸੇ ਸਿੱਖ ਪਰਿਵਾਰਾਂ ਲਈ ਤੁਰੰਤ ਦਖਲ ਦੇਣ ਦੀ ਬੇਨਤੀ ਕੀਤੀ ਏ । ਆਪਣੇ ਪੱਤਰ ਵਿੱਚ, ਸ਼੍ਰੀ ਸਿੰਘ ਨੇ ਕਿਹਾ ਕਿ ਇਹ ਪਰਿਵਾਰ ਖੇਤਰ ਵਿੱਚ ਅਸਥਿਰ ਸੁਰੱਖਿਆ

ਸਥਿਤੀ ਕਾਰਨ ਬਹੁਤ ਜ਼ਿਆਦਾ ਪ੍ਰੇਸ਼ਾਨੀ ਅਤੇ ਅਨਿਸ਼ਚਿਤਤਾ ਦਾ ਸਾਹਮਣਾ ਕਰ ਰਹੇ ਨੇ. ਬੁਲਾਰੇ ਨੇ ਵਿਦੇਸ਼ ਮੰਤਰਾਲੇ ਨੂੰ ਤਹਿਰਾਨ ਤੋਂ ਇਨ੍ਹਾਂ ਬਜ਼ੁਰਗਾਂ ਦੀ ਵਾਪਸੀ ਦੀ ਸਹੂਲਤ ਦੇਣ ਦੀ ਬੇਨਤੀ ਕੀਤੀ।

-----------------------------------------------------------------------

ਤੀਜੀ ਪਾਤਸ਼ਾਹੀ ਸ੍ਰੀ ਗੁਰੂ ਅਮਰਦਾਸ ਜੀ ਦਾ ਪ੍ਰਕਾਸ਼ ਗੁਰਪੁਰਬ ਅੱਜ ਪੰਜਾਬ ਸਮੇਤ ਦੁਨੀਆ ਭਰ 'ਚ ਵਸਦੀ ਨਾਨਕ ਨਾਮ ਲੇਵਾ ਸੰਗਤ ਵੱਲੋਂ ਸ਼ਰਧਾ ਅਤੇ ਉਤਸਾਹ ਦੇ ਨਾਲ ਮਨਾਇਆ ਜਾ ਰਿਹਾ ਏ । ਇਸ ਸਬੰਧ ਵਿੱਚ ਗੁਰੂ ਸਾਹਿਬ ਦੇ ਜਨਮ ਅਸਥਾਨ, ਗੁਰਦੁਆਰਾ ਜਨਮ ਅਸਥਾਨ ਗੁਰੂ ਅਮਰਦਾਸ ਜੀ ਬਾਸਰਕੇ ਗਿੱਲਾਂ ਵਿਖੇ ਅਨੇਕਾਂ ਵਿਸ਼ੇਸ਼ ਸਮਾਗਮ ਕੀਤਾ ਜਾ ਰਹੇ ਨੇ । ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਅੱਜ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ .

-----------------------------------------------------------------------

ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੱਜ ਸਿੱਖਾਂ ਦੇ ਤੀਜੇ ਗੁਰੂ

ਅਮਰਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ।

---

- ਸਰਕਾਰ ਨੇ ਮੁੜ੍ਹ ਭਰੋਸਾ ਦਿਵਾਇਆ ਏ ਕਿ ਦੇਸ਼ ਵਿੱਚ ਖਾਦਾਂ ਦੀ ਕਾਫ਼ੀ ਉਪਲਬਧਤਾ ਏ .

- ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਦੇ ਤਾਲਮੇਲ ਨਾਲ ISI ਦੀ ਹਮਾਇਤ ਪ੍ਰਾਪਤ ਸਰਹੱਦ ਪਾਰ ਦੋ ਜਾਸੂਸੀ ਨੈੱਟਵਰਕਾਂ ਦਾ ਪਰਦਾਫਾਸ਼ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਏ.

- ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜੇ.ਪੀ. ਨੱਡਾ ਨੇ ਅੱਜ ਚੰਡੀਗੜ੍ਹ ਵਿਖੇ ਜਨਤਕ ਸਿਹਤ ਪ੍ਰਣਾਲੀਆਂ ਵਿੱਚ ਚੰਗੇ ਅਤੇ ਅਪਣਾਏ ਜਾ ਸਕਣ ਵਾਲੇ ਢੰਗ ਤਰੀਕਿਆਂ ਅਤੇ ਨਵੀਨਤਾ 'ਤੇ ਦੋ ਦਿਨਾਂ 10ਵੇਂ ਰਾਸ਼ਟਰੀ ਸੰਮੇਲਨ ਦਾ ਉਦਘਾਟਨ ਕੀਤਾ।

- ਭਲਕੇ ਪਹਿਲੀ ਮਈ ਨੂੰ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਸੱਦਿਆ ਜਾਏਗਾ।
- ਤੀਜੀ ਪਾਤਸ਼ਾਹੀ ਸ੍ਰੀ ਗੁਰੂ ਅਮਰਦਾਸ ਜੀ ਦਾ ਪ੍ਰਕਾਸ਼ ਗੁਰਪੁਰਬ ਅੱਜ ਪੰਜਾਬ ਸਮੇਤ ਦੁਨੀਆ ਭਰ 'ਚ ਪੂਰੀ ਸ਼ਰਧਾ ਤੇ ਉਤਸਾਹ ਨਾਲ ਮਨਾਇਆ ਜਾ ਰਿਹਾ ਏ।

-----------------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**